ਨਗਰ ਪੰਚਾਇਤ ਖੇਮਕਰਨ ਦੇ ਵਾਰਡਾਂ ਦੀ ਰਿਜ਼ਰਵੇਸ਼ਨ ਕੀਤੀ : ਜ਼ਿਲ੍ਹਾ ਚੋਣ ਅਫ਼ਸਰ

ਤਰਨਤਾਰਨ, 24 ਨਵੰਬਰ :

ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਜ਼ਿਲ੍ਹਾ ਤਰਨਤਾਰਨ ਦੇ ਅਧੀਨ ਆਉਦੀ ਨਗਰ ਪੰਚਾਇਤ ਖੇਮਕਰਨ ਦੇ ਵਾਰਡਾਂ ਦੀ ਰਿਜ਼ਰਵੇਸ਼ਨ ਕੀਤੀ ਗਈ ਹੈ।



ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ 2011 ਦੀ ਜਨਗਣਨਾ ਅਨੁਸਾਰ ਨਗਰ ਪੰਚਾਇਤ ਖੇਮਕਰਨ ਦੇ 13 ਵਾਰਡ ਬਣਾਏ ਗਏ ਹਨ, ਜਿੰਨ੍ਹਾਂ ਵਿੱਚੋਂ ਵਾਰਡ ਨੰਬਰ 4, 7 ਅਤੇ 13 ਅਨੂਸੁਚਿਤ ਜਾਤੀ ਲਈ, ਵਾਰਡ ਨੰਬਰ 2, 6 ਤੇ 12 ਜਨਰਲ ਕੈਟਾਗਰੀ ਲਈ, ਵਾਰਡ ਨੰਬਰ 10 ਪੱਛੜੀਆਂ ਸ਼੍ਰੇਣੀਆਂ ਅਤੇ ਵਾਰਡ ਨੰਬਰ 1 ਤੇ 5 ਅਨੁਸੂਚਿਤ ਜਾਤੀ ਔਰਤਾਂ ਲਈ ਅਤੇ ਵਾਰਡ ਨੰਬਰ 3,8,9 ਤੇ 11 ਜਨਰਲ ਕੈਟਾਗਰੀ ਦੀਆਂ ਔਰਤਾਂ ਲਈ ਰਿਜ਼ਰਵ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਬੰਧੀ ਰਿਜ਼ਰਵੇਸ਼ਨ ਲਈ ਪਹਿਲਾਂ ਜਾਰੀ ਕੀਤੇ ਗਏ ਸਾਰੇ ਤਰ੍ਹਾਂ ਦੇ ਨੋਟੀਫਿਕੇਸ਼ਨ ਤੁਰੰਤ ਪ੍ਰਭਾਵ ਤੋਂ ਰੱਦ ਕੀਤੇ ਗਏ ਹਨ।

---------------------